Vigilance Bureau Punjab

**Vigilance nabs ASI for taking bribe Rs.10,000**

Chandigarh, August 4: State Vigilance Bureau, today nabbed an ASI Jaswinder Singh posted at Police Station Jamalpur, Ludhiana red handed accepting bribe of Rs 10,000.

Disclosing this here an official spokesperson of the Vigilance Bureau Punjab said accused Assistant Sub-Inspector was arrested on the complaint of Ajay Tiwari of Jamalpur, Ludhiana. The complainant has informed the VB that the accused police official was demanding bribe of Rs. 25,000 to exonerate him in a police case but the deal was struck at Rs. 20,000.

After verifying his information, a vigilance team from Ludhiana laid a trap and the accused ASI was arrested on the spot while taking bribe of Rs. 10,000 as first installment from the complainant in the presence of two official witnesses.

He informed that a case under section of prevention of corruption act has been registered against him at VB police station, Ludhiana and further investigation is under progress.

--------

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਨੇ 10,000 ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ

ਚੰਡੀਗੜ੍ਹ, 4 ਅਗਸਤ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪੁਲਿਸ ਥਾਣਾ ਜਮਾਲਪੁਰ ਜਿਲਾ ਲੁਧਿਆਣਾ ਵਿਖੇ ਤਾਇਨਾਤ ਏ.ਐਸ.ਆਈ. ਜਸਵਿੰਦਰ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਅਜੈ ਤਿਵਾੜੀ ਵਾਸੀ ਜਮਾਲਪੁਰ, ਲੁਧਿਆਣਾ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਇਕ ਪੁਲਿਸ ਕੇਸ ਵਿਚ ਉਸ ਨੂੰ ਬਰੀ ਕਰਾਉਣ ਵਿੱਚ ਮਦਦ ਕਰਨ ਬਦਲੇ ਉਕਤ ਏ.ਐਸ.ਆਈ ਵਲੋਂ 25,000 ਰੁਪਏ ਦੀ ਮੰਗ ਕੀਤੀ ਗਈ ਹੈ ਪਰ ਸੌਦਾ 20,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸਤ ਦੇ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ।

ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

--------